Vigilance Bureau Punjab

# VB arrests PSPCL JE for taking Rs 7000 bribe

Chandigarh July 10, 2024 -

The Punjab Vigilance Bureau (VB) during its ongoing campaign against corruption in the state on Wednesday arrested a Junior Engineer (JE) Kulbir Singh, posted at PSPCL office Fazilka while he was accepting a bribe of Rs 7000.

Disclosing this here today an official spokesperson of the state VB said the above said official has been arrested based on a complaint lodged by Sajjan Singh, a resident of village Mandi Hazoor Singh in Fazilka district.

He further added that the said complainant has approached the VB and alleged that the said PSPCL official has been demanded a bribe of Rs 10,000 to install a power transformer in his village but the deal was struck at Rs 7000. The complainant has recorded the conversation with the JE for demanding this bribe which was handed over to the VB as an evidence.

The spokesperson informed that after verification of this complaint the VB team laid a trap and the said official has been arrested while he was accepting a bribe of Rs 7000 from the complainant in the presence of two official witnesses.

In this regard a case under prevention of corruption act has been registered against the said accused at VB police station Ferozepur range and the accused would be produced in the competent court tomorrow. Further investigation into this case was under progress, he said.

------

ਵਿਜੀਲੈਂਸ ਬਿਊਰੋ ਪੰਜਾਬ

# ਵਿਜੀਲੈਂਸ ਬਿਊਰੋ ਨੇ ਪੀ.ਐਸ.ਪੀ.ਸੀ.ਐਲ. ਦੇ ਜੇ.ਈ. ਨੂੰ 7000 ਰੁਪਏ ਰਿਸ਼ਵਤ ਲੈਂਦਿਆਂ ਕੀਤਾ ਗ੍ਰਿਫਤਾਰ

ਚੰਡੀਗੜ੍ਹ, 10 ਜੁਲਾਈ, 2024 –

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਬੁੱਧਵਾਰ ਨੂੰ ਪੀ.ਐਸ.ਪੀ.ਸੀ.ਐਲ ਦਫ਼ਤਰ ਫਾਜ਼ਿਲਕਾ ਵਿਖੇ ਤਾਇਨਾਤ ਇੱਕ ਜੂਨੀਅਰ ਇੰਜੀਨੀਅਰ (ਜੇ.ਈ.) ਕੁਲਬੀਰ ਸਿੰਘ ਨੂੰ 7000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਕਰਮਚਾਰੀ ਨੂੰ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਮੰਡੀ ਹਜ਼ੂਰ ਸਿੰਘ ਵਾਸੀ ਸੱਜਣ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਜੇਈ ਵੱਲੋਂ ਉਸਦੇ ਪਿੰਡ ਵਿੱਚ ਬਿਜਲੀ ਦਾ ਟਰਾਂਸਫਾਰਮਰ ਲਗਾਉਣ ਬਦਲੇ 10,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਗਈ ਸੀ ਪਰ ਇਹ ਸੌਦਾ 7000 ਰੁਪਏ ਵਿੱਚ ਹੋਇਆ ਹੈ। ਇਸ ਮੰਗ ਸਬੰਧੀ ਸ਼ਿਕਾਇਤਕਰਤਾ ਨੇ ਜੇਈ ਨਾਲ ਹੋਈ ਗੱਲਬਾਤ ਰਿਕਾਰਡ ਕਰ ਲਈ ਜੋ ਕਿ ਸਬੂਤ ਵਜੋਂ ਬਿਊਰੋ ਨੂੰ ਸੌਂਪ ਦਿੱਤੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਬਿਜਲੀ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 7000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਇਸ ਸਬੰਧੀ ਉਕਤ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

––––––